# ਪੁਲਿਸ ਤੇ ਆਬਕਾਰੀ ਵਿਭਾਗ ਵਲੋਂ ਨਾਜਾਇਜ਼ ਸ਼ਰਾਬ ਵੇਚਣ ਵਾਲਿਆਂ ਖ਼ਿਲਾਫ਼ ਕਾਰਵਾਈ, 200 ਲੀਟਰ ਲਾਹਣ ਬਰਾਮਦ

ਫ਼ਿਰੋਜ਼ਪੁਰ, 19 ਅਕਤੂਬਰ (ਗੁਰਿੰਦਰ ਸਿੰਘ)- ਦੀਵਾਲੀ ਤੋਂ ਪਹਿਲਾਂ ਨਾਜਾਇਜ਼ ਸ਼ਰਾਬ ਕਸ਼ੀਦ ਕੇ ਵੇਚਣ ਵਾਲਿਆਂ ਖ਼ਿਲਾਫ਼ ਵੱਡੀ ਕਾਰਵਾਈ ਕਰਦਿਆਂ ਫ਼ਿਰੋਜ਼ਪੁਰ ਪੁਲਿਸ ਅਤੇ ਆਬਕਾਰੀ ਵਿਭਾਗ ਵਲੋਂ ਬੀਤੀ ਦੇਰ ਸ਼ਾਮ ਗੁਪਤ ਸੂਚਨਾ ਦੇ ਆਧਾਰ 'ਤੇ ਕੀਤੇ ਸਾਂਝੇ ਅਪ੍ਰੇਸ਼ਨ ਦੌਰਾਨ 200 ਲੀਟਰ ਲਾਹਣ ਬਰਾਮਦ ਕੀਤੀ ਹੈ। ਜਾਣਕਾਰੀ ਦਿੰਦਿਆਂ ਡੀ.ਐੱਸ.ਪੀ ਸਿਟੀ ਸੁਖਵਿੰਦਰ ਸਿੰਘ ਅਤੇ ਕਰ ਤੇ ਆਬਕਾਰੀ ਅਫ਼ਸਰ, ਰਜਨੀਸ਼ ਬਤਰਾ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਸੁਖਵਿੰਦਰ ਸਿੰਘ ਪੁੱਤਰ ਜੰਗੀਰ ਸਿੰਘ, ਸੁਖਪ੍ਰੀਤ ਸਿੰਘ ਉਰਫ਼ ਸੁੱਖਾ ਪੁੱਤਰ ਦੀਵਾਨ ਸਿੰਘ ਅਮਰੀਕ ਸਿੰਘ ਪੁੱਤਰ ਗੁਰਮੇਜ ਸਿੰਘ ਆਤਮਾ ਸਿੰਘ ਉਰਫ਼ ਆਤੂ ਪੁੱਤਰ ਖਜਾ ਸਿੰਘ ਵਾਸੀਆਨ ਝੁੱਗੇ ਨਿਹੰਗਾਂ ਵਾਲੇ ਥਾਣਾ ਸਦਰ ਫ਼ਿਰੋਜ਼ਪੁਰ ਜੋ ਅਲਕੋਹਲ ਤੋਂ ਸ਼ਰਾਬ ਤਿਆਰ ਕਰਕੇ ਅੱਗੇ ਵੇਚਦੇ ਹਨ ਤੇ ਇਸ ਵਕਤ ਸਾਹਮਣੇ ਬਾਬੇ ਦੀ ਭੂਰੀ ਪੀਰ ਦੀ ਜਗ੍ਹਾ ਬਾਹਰ ਝੁੱਗੇ ਨਿਹੰਗਾਂ ਵਾਲੇ ਵਿਖੇ ਅਲਕੋਹਲ ਨਾਲ ਸ਼ਰਾਬ ਤਿਆਰ ਕਰ ਕੇ ਵੇਚ ਰਹੇ ਹਨ। ਜੇਕਰ ਹੁਣੇ ਰੇਡ ਕੀਤਾ ਜਾਵੇ ਤਾਂ ਕਾਬੂ ਆ ਸਕਦੇ ਹਨ। ਉਨ੍ਹਾਂ ਦੱਸਿਆ ਕਿ ਮਿਲੀ ਸੂਚਨਾ 'ਤੇ ਥਾਣਾ ਸਦਰ ਫ਼ਿਰੋਜ਼ਪੁਰ ਦੇ ਸਹਾਇਕ ਥਾਣੇਦਾਰ ਸੁਰਜੀਤ ਸਿੰਘ ਤੇ ਰਾਜਬੀਰ ਸਿੰਘ ਐਕਸਾਈਜ਼ ਇੰਸਪੈਕਟਰ ਫ਼ਿਰੋਜ਼ਪੁਰ ਸਮੇਤ ਸਾਥੀਆਂ ਦੇ ਮੌਕੇ 'ਤੇ ਰੇਡ ਕੀਤੀ ਤਾਂ ਉਕਤ ਦੋਸ਼ੀ ਫ਼ਰਾਰ ਹੋਣ ਵਿਚ ਕਾਮਯਾਬ ਹੋ ਗਏ। ਜਦੋਂ ਕਿ ਮੌਕੇ ਤੋਂ 200 ਲੀਟਰ ਅਲਕੋਹਲ ਬਰਾਮਦ ਕੀਤਾ ਗਿਆ। ਡੀ.ਐੱਸ.ਪੀ. ਨੇ ਦੱਸਿਆ ਕਿ ਉਕਤ ਮਾਮਲੇ ਸੰਬੰਧੀ ਥਾਣਾ ਸਦਰ ਫ਼ਿਰੋਜ਼ਪੁਰ ਵਿਖੇ ਸੁਖਵਿੰਦਰ ਸਿੰਘ ਪੁੱਤਰ ਜੰਗੀਰ ਸਿੰਘ, ਸੁਖਪ੍ਰੀਤ ਸਿੰਘ ਉਰਫ਼ ਸੁੱਖਾ ਪੁੱਤਰ ਦੀਵਾਨ ਸਿੰਘ, ਅਮਰੀਕ ਸਿੰਘ ਪੁੱਤਰ ਗੁਰਮੇਜ ਸਿੰਘ ਤੇ ਆਤਮਾ ਸਿੰਘ ਉਰਫ਼ ਆਤੂ ਪੁੱਤਰ ਖਜਾ ਸਿੰਘ ਵਾਸੀਆਨ ਝੁੱਗੇ ਨਿਹੰਗਾਂ ਵਾਲੇ ਥਾਣਾ ਸਦਰ ਫ਼ਿਰੋਜਪੁਰ ਖ਼ਿਲਾਫ਼ ਮੁਕੱਦਮਾ ਦਰਜ ਕੀਤਾ ਗਿਆ ਹੈ।



ਜਾਣਕਾਰੀ ਦਿੰਦੇ ਡੀ.ਐੱਸ.ਪੀ. ਸਿਟੀ ਸੁਖਵਿੰਦਰ ਸਿੰਘ ਅਤੇ ਕਰ ਤੇ ਆਬਕਾਰੀ ਅਫਸਰ ਰਜਨੀਸ਼ ਬਤਰਾ। ਅਜੀਤ ਤਸਵੀਰ




ਬਰਾਮਦ ਡਰੋਨ ਨਾਲ ਬੀ.ਐੱਸ.ਐੱਫ. ਤੇ ਪੰਜਾਬ ਪੁਲਿਸ ਦੇ ਅਧਿਕਾਰੀ ਤੇ ਜਵਾਨ। ਅਜੀਤ ਤਸਵੀਰ

# ਕੌਮਾਂਤਰੀ ਸਰਹੱਦ ਨੇੜਿਓਂ ਬੀ. ਐੱਸ. ਐੱਫ. ਨੂੰ ਮਿਲਿਆ ਡਰੋਨ

ਫ਼ਿਰੋਜ਼ਪੁਰ, 19 ਅਕਤੂਬਰ (ਗੁਰਿੰਦਰ ਸਿੰਘ)- ਸੀਮਾ ਸੁਰੱਖਿਆ ਬਲ ਵਲੋਂ ਹਿੰਦ-ਪਾਕਿ ਕੌਮਾਂਤਰੀ ਸਰਹੱਦ 'ਤੇ ਵਰਤੀ ਜਾਂਦੀ ਚੌਕਸੀ ਦੇ ਬਾਵਜੂਦ ਸਰਹੱਦ ਪਾਰ ਤੋਂ ਡਰੋਨ ਐਕਟੀਵਿਟੀ ਨਿਰੰਤਰ ਜਾਰੀ ਹੈ। ਬੀਤੀ ਰਾਤ ਵੀ ਬੀ.ਐੱਸ.ਐੱਫ. ਵਲੋਂ ਬੀ.ਓ.ਪੀ. ਬਾਰੇ ਕੇ ਨੇੜਿਓਂ ਇਕ ਡਰੋਨ ਬਰਾਮਦ ਕੀਤਾ ਹੈ। ਜਾਣਕਾਰੀ ਦਿੰਦਿਆਂ ਪੁਲਿਸ ਚੌਕੀ ਬਾਰੇ ਕੇ ਦੇ ਇੰਚਾਰਜ ਸਬ ਇੰਸਪੈਕਟਰ ਸੁਖਬੀਰ ਸਿੰਘ ਬਾਠ ਨੇ ਦੱਸਿਆ ਕਿ ਪੁਲਿਸ ਨੂੰ ਦਿੱਤੀ ਇਤਲਾਹ ਵਿਚ ਬੀ.ਐੱਸ.ਐੱਫ. ਦੇ ਇੰਸਪੈਕਟਰ ਸੰਜੇ ਕੁਮਾਰ ਨੇ ਦੱਸਿਆ ਕਿ ਬੀ.ਓ.ਪੀ. ਬੈਰੀਅਰ ਬਾਰੇ ਕੇ ਫ਼ਿਰੋਜ਼ਪੁਰ ਦੇ ਕਰਮਚਾਰੀਆਂ ਵਲੋਂ ਡਰੋਨ ਐਕਟੀਵਿਟੀ ਹੋਣ 'ਤੇ ਬਾਰੇ ਕੇ ਨੇੜੇ ਪ੍ਰਕਾਸ਼ ਫਾਇਰਿੰਗ ਰੇਂਜ ਤੋਂ ਇੱਕ ਡਰੋਨ ਰੰਗ ਗਰੇਅ ਬਰਾਮਦ ਕੀਤਾ ਹੈ। ਉਨ੍ਹਾਂ ਦੱਸਿਆ ਕਿ ਬੀ.ਐੱਸ.ਐੱਫ. ਦੇ ਅਧਿਕਾਰੀਆਂ ਦੀ ਸੂਚਨਾ ਦੇ ਆਧਾਰ 'ਤੇ ਥਾਣਾ ਸਦਰ ਫ਼ਿਰੋਜ਼ਪੁਰ ਵਿਖੇ ਨਾ-ਮਾਲੂਮ ਵਿਅਕਤੀ ਖ਼ਿਲਾਫ਼ ਮੁਕੱਦਮਾ ਦਰਜ ਕਰਕੇ ਉਕਤ ਡਰੋਨ ਕਬਜ਼ੇ ਵਿਚ ਲੈ ਲਿਆ ਹੈ।

## ਵਿਧਾਇਕ ਫੌਜਾ ਸਿੰਘ ਸਰਾਰੀ ਨੇ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ 1 ਕਰੋੜ 6 ਲੱਖ ਰੁਪਏ ਮੁਆਵਜ਼ੇ ਦੀ ਰਾਸ਼ੀ ਦੇ ਪ੍ਰਵਾਨਗੀ ਪੱਤਰ ਸੌਂਪੇ



ਵੱਖ-ਵੱਖ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਸਹਾਇਤਾ ਰਾਸ਼ੀ ਦੇ ਚੈੱਕ ਵੰਡਦੇ ਹੋਏ ਵਿਧਾਇਕ ਫੌਜਾ ਸਿੰਘ ਸਰਾਰੀ। ਤਸਵੀਰਾਂ-ਹਰਚਰਨ ਸਿੰਘ ਸੰਧੂ

ਗੁਰੂਹਰਸਹਾਏ, ਪੰਜੇ ਕੇ ਉਤਾੜ, 19 ਅਕਤੂਬਰ (ਹਰਚਰਨ ਸਿੰਘ ਸੰਧੂ/ਪੱਪੂ ਸੰਧਾ)- ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ ਨੇ ਜ਼ਿਲ੍ਹੇ 'ਚ ਹੜ੍ਹਾਂ ਤੋਂ ਪ੍ਰਭਾਵਿਤ ਪਰਿਵਾਰਾਂ ਨੂੰ ਰਾਹਤ ਰਾਸ਼ੀ ਦੀ ਵੰਡ ਤਹਿਤ ਨੌ ਬਹਿਰਾਮ ਸ਼ੇਰ ਸਿੰਘ ਵਾਲਾ ਅਤੇ ਦੋਨਾ ਮੱਤੜ ਵਿਖੇ ਹੋਏ ਸਮਾਗਮ ਦੌਰਾਨ 226 ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਕਰੀਬ 1.6 ਕਰੋੜ ਰੁਪਏ ਦੇ ਪ੍ਰਵਾਨਗੀ ਪੱਤਰ ਸੌਂਪੇ। ਇਹਨਾਂ ਲਾਭਪਾਤਰੀਆਂ ਵਿਚ ਵੱਖ-ਵੱਖ ਪਿੰਡਾਂ ਦੇ ਹੜ੍ਹ ਪ੍ਰਭਾਵਿਤ ਕਿਸਾਨ ਸ਼ਾਮਿਲ ਸਨ। ਇਸ ਮੌਕੇ ਤਹਿਸੀਲਦਾਰ ਬੀਰਕਰਨ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਵਿਧਾਇਕ ਫੌਜਾ ਸਿੰਘ ਸਰਾਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਦੀਵਾਲੀ ਤੋਂ ਪਹਿਲਾਂ ਹੜ੍ਹ ਪੀੜਤਾਂ ਨੂੰ ਰਾਹਤ ਫ਼ੰਡ ਮੁਹੱਈਆ ਕਰਵਾਉਣ ਦੇ ਆਪਣੇ ਵਾਅਦੇ ਨੂੰ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਖ਼ੁਸ਼ੀ ਅਤੇ ਦੁੱਖ ਵਿਚ ਆਪਣੇ ਕਿਸਾਨਾਂ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਕੋਈ ਵੀ ਯੋਗ ਪਰਿਵਾਰ ਰਾਹਤ ਤੋਂ ਵਾਂਝਾ ਨਾ ਰਹੇ। ਇਸ ਮੌਕੇ ਨਾਇਬ ਤਹਿਸੀਲਦਾਰ ਗੁਰਦੀਪ ਸਿੰਘ ਸਮੇਤ ਵੱਡੀ ਗਿਣਤੀ ਵਿਚ ਪਿੰਡ ਵਾਸੀ, ਪੰਚਾਇਤਾਂ ਦੇ ਨੁਮਾਇੰਦੇ ਅਤੇ ਪ੍ਰਸ਼ਾਸਨਿਕ ਅਧਿਕਾਰੀ ਹਾਜ਼ਰ ਸਨ।



ਅਬੋਹਰ ਫ਼ਾਜ਼ਿਲਕਾ ਮੁੱਖ ਮਾਰਗ 'ਤੇ ਪ੍ਰਸ਼ਾਸਨ ਵਲੋਂ ਪੁੱਟੇ ਜਾ ਰਹੇ ਹਰੇ ਰੁੱਖ। ਤਸਵੀਰਾਂ-ਸੁਖਜੀਤ ਸਿੰਘ ਬਰਾੜ

## ਅਬੋਹਰ, ਫ਼ਾਜ਼ਿਲਕਾ ਮੁੱਖ ਮਾਰਗ ਦੇ ਦਰਖ਼ਤਾਂ 'ਤੇ ਚੱਲਿਆ ਆਰਾ

### 'ਰੁੱਖ ਬਚਾਓ, ਵਾਤਾਵਰਨ ਸ਼ੁੱਧ ਬਣਾਓ' ਦਾ ਹੋਕਾ ਵੀ ਸਿਰਫ਼ ਹੋਕਾ ਹੀ ਰਹਿ ਗਿਆ

ਅਬੋਹਰ, 19 ਅਕਤੂਬਰ (ਸੁਖਜੀਤ ਸਿੰਘ ਬਰਾੜ)- ਪੰਜਾਬ ਸਰਕਾਰ ਅਤੇ ਵੱਖ-ਵੱਖ ਵਾਤਾਵਰਨ ਪ੍ਰੇਮੀ ਇਕ ਪਾਸੇ ਤਾਂ ਰੁੱਖ ਲਗਾਓ, ਵਾਤਾਵਰਨ ਬਚਾਓ ਦਾ ਨਾਅਰਾ ਦੇ ਕੇ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਹਰ ਇਕ ਸੂਬਾ ਵਾਸੀ ਨੂੰ ਪ੍ਰੇਰਿਤ ਕਰ ਰਹੇ ਹਨ ਪਰ ਦੂਸਰੇ ਪਾਸੇ ਪ੍ਰਸ਼ਾਸਨ ਵਲੋਂ ਅਬੋਹਰ, ਫ਼ਾਜ਼ਿਲਕਾ ਮੁੱਖ ਮਾਰਗ ਦੇ ਦੋਵੇਂ ਕਿਨਾਰਿਆਂ 'ਤੇ ਦਹਾਕਿਆਂ ਪੁਰਾਣੇ ਅਤੇ ਨਵੇਂ ਲੱਗੇ ਰੁੱਖਾਂ 'ਤੇ ਆਰਾ ਚਲਾ ਦਿੱਤਾ ਗਿਆ ਹੈ। ਪ੍ਰਸ਼ਾਸਨ ਵਲੋਂ ਇਹ ਮਾਰਗ 'ਤੇ ਲੱਗੇ ਰੁੱਖ ਪੁੱਟੇ ਜਾ ਰਹੇ ਹਨ ਕਿਉਂਕਿ ਇਹ ਮੁੱਖ ਸੜਕ ਚਹੁੰ ਮਾਰਗੀ ਬਣਨ ਜਾ ਰਿਹਾ ਹੈ ਤੇ ਇਸ ਸੜਕ ਨੂੰ ਹੋਰ ਚੌੜੀ ਕਰਨ ਲਈ ਸੜਕ ਦੇ ਨਾਲ ਹੋਰ ਜ਼ਮੀਨ ਵੀ ਐਕਵਾਇਰ ਕੀਤੀ ਗਈ ਹੈ ਪਰ ਜਦੋਂ ਇਹ ਹਰੀ ਭਰੀ ਸੜਕ ਨੂੰ ਰੁੱਖ ਪੁੱਟ ਕੇ ਵਿਘਨ ਕੀਤਾ ਜਾ ਰਿਹਾ ਹੈ ਤਾਂ ਹਰ ਇਕ ਦੇ ਮੂੰਹੋਂ ਇਹ ਹੀ ਨਿਕਲ ਰਿਹਾ ਕਿ ਸਰਕਾਰ ਇਕ ਪਾਸੇ ਤਾਂ ਰੁੱਖ ਲਗਾਓ ਵਾਤਾਵਰਨ ਬਚਾਓ ਦਾ ਨਾਅਰਾ ਲਗਾ ਕੇ ਸੂਬੇ ਦੀ ਜਨਤਾ ਨੂੰ ਜਾਗਰੂਕ ਕਰ ਰਹੀ ਹੈ ਪਰ ਖ਼ੁਦ ਹੀ ਲੱਖਾਂ ਹਰੇ ਰੁੱਖਾਂ 'ਤੇ ਆਰਾ ਚਲਾ ਕੇ ਜੜ੍ਹੋਂ ਪੁੱਟ ਰਹੀ ਹੈ। ਜਦੋਂ ਇਸ ਸਬੰਧ ਵਿਚ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾਂ ਫ਼ੋਨ ਹੀ ਨਹੀਂ ਚੁੱਕਿਆ।

## ਹੈਰੋਇਨ ਸਮੇਤ ਇਕ ਨੌਜਵਾਨ ਗ੍ਰਿਫ਼ਤਾਰ

ਅਬੋਹਰ, 19 ਅਕਤੂਬਰ (ਸੁਖਜੀਤ ਸਿੰਘ ਬਰਾੜ)-ਸਥਾਨਕ ਨਗਰ ਥਾਣਾ ਦੋ ਦੀ ਪੁਲਿਸ ਵਲੋਂ ਥਾਣਾ ਮੁਖੀ ਪਰਮਿਲਾ ਸਿੱਧੂ ਦੀ ਅਗਵਾਈ ਹੇਠ ਹੈਰੋਇਨ ਸਮੇਤ ਇਕ ਨੌਜਵਾਨ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਥਾਣਾ ਪੁਲਿਸ ਤੋਂ ਮਿਲੀ ਜਾਣਕਾਰੀ ਮੁਤਾਬਿਕ ਹੌਲਦਾਰ ਪਵਨ ਕੁਮਾਰ ਪੁਲਿਸ ਪਾਰਟੀ ਸਮੇਤ ਰੇਲਵੇ ਲਾਈਨ ਨਾਲ ਬਾਈਪਾਸ ਨੇੜੇ ਗਸ਼ਤ ਲਈ ਜਾ ਰਹੇ ਸਨ ਤਾਂ ਇਕ ਨੌਜਵਾਨ ਨੂੰ ਸ਼ੱਕੀ ਹਾਲਤ ਵਿਚ ਦੇਖਿਆ। ਉਹ ਨੌਜਵਾਨ ਪੁਲਿਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ ਤੇ ਕੁੱਝ ਵਸਤੂ ਸੁੱਟ ਕੇ ਫ਼ਰਾਰ ਹੋਣ ਦੀ ਕੋਸ਼ਿਸ਼ ਕਰਨ ਲੱਗਾ। ਜਦੋਂ ਪੁਲਿਸ ਪਾਰਟੀ ਨੇ ਉਸ ਨੂੰ ਗ੍ਰਿਫ਼ਤਾਰ ਕਰ ਉਸ ਦੀ ਤਲਾਸ਼ੀ ਲਈ ਤਾਂ ਉਸ ਪਾਸੋਂ ਤਿੰਨ ਗਰਾਮ ਹੈਰੋਇਨ ਬਰਾਮਦ ਹੋਈ। ਗ੍ਰਿਫ਼ਤਾਰ ਕੀਤੇ ਨੌਜਵਾਨ ਦੀ ਪਹਿਚਾਣ ਅਨਿਲ ਕੁਮਾਰ ਪੁੱਤਰ ਸੁਭਾਸ਼ ਚੰਦਰ ਵਾਸੀ ਸਥਾਨਕ ਵਰਿਆਮ ਨਗਰ ਵਜੋਂ ਹੋਈ। ਥਾਣਾ ਪੁਲਿਸ ਵਲੋਂ ਉਕਤ ਨੌਜਵਾਨ ਖ਼ਿਲਾਫ਼ ਵੱਖ-ਵੱਖ ਧਰਾਵਾਂ ਦੇ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।

## 6000 ਪਾਬੰਦੀਸ਼ੁਦਾ ਕੈਪਸੂਲਾਂ ਸਮੇਤ 1 ਗ੍ਰਿਫਤਾਰ

ਜ਼ੀਰਾ, 19 ਅਕਤੂਬਰ (ਰਜਨੀਸ਼ ਕਥੂਰੀਆ)- ਥਾਣਾ ਸਿਟੀ ਜ਼ੀਰਾ ਦੀ ਪੁਲਿਸ ਨੇ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਦੇ ਤਹਿਤ ਇਕ ਨੌਜਵਾਨ ਨੂੰ 600ਓ0 ਪਾਬੰਦੀਸ਼ੁਦਾ ਕੈਪਸੂਲਾਂ ਸਮੇਤ ਗ੍ਰਿਫਤਾਰ ਕਰਨ 'ਚ ਸਫਲਤਾ ਪ੍ਰਾਪਤ ਕੀਤੀ ਹੈ। ਥਾਣਾ ਸਿਟੀ ਜ਼ੀਰਾ ਦੇ ਏ.ਐੱਸ.ਆਈ. ਭੁਪਿੰਦਰ ਸਿੰਘ ਨੇ ਦੱਸਿਆ ਕਿ ਜਦੋਂ ਪੁਲਿਸ ਪਾਰਟੀ ਟੀ ਪੁਆਇੰਟ ਝਤਰਾ ਕੋਟ ਈਸੇ ਖਾਂ ਤੇ ਮੌਜੂਦ ਸੀ ਤਾਂ ਇਕ ਮੁਖ਼ਬਰੀ ਦੇ ਆਧਾਰ 'ਤੇ ਰਾਹੁਲ ਸਚਦੇਵਾ ਪੁੱਤਰ ਮਨੋਜ ਕੁਮਾਰ ਪੁੱਤਰ ਦੇਸ ਰਾਜ ਵਾਸੀ ਨੇੜੇ ਜੈਨ ਮੰਦਿਰ ਜ਼ੀਰਾ ਨੂੰ ਆਪਣੀ ਸਫ਼ੇਦ ਰੰਗ ਦੀ ਐਕਟਿਵਾ ਨੰਬਰ ਪੀ.ਬੀ.47-ਜੀ-1094 ਨੂੰ 6000 ਪਾਬੰਦੀਸ਼ੁਦਾ ਕੈਪਸੂਲਾਂ ਸਮੇਤ ਗ੍ਰਿਫਤਾਰ ਕਰਕੇ ਉਸ ਦੇ ਖ਼ਿਲਾਫ਼ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## 'ਅਜੀਤ' ਉਪ ਦਫ਼ਤਰ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰਾਂ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

**ਫਾਜ਼ਿਲਕਾ/ਫ਼ਿਰੋਜ਼ਪੁਰ**

ਸ. ਦਵਿੰਦਰਪਾਲ ਸਿੰਘ — 98729-03544
ਡੈਡ ਹਾਊਸ ਰੋਡ, ਸਬ ਜੇਲ੍ਹ ਦੇ ਪਿੱਛੇ — 01638-500325

ਸਮੂਹ ਸੰਗਤ ਨੂੰ
ਬੰਦੀ ਛੋੜ ਦਿਵਸ
ਅਤੇ
ਦੀਵਾਲੀ
ਦੀ ਲੱਖ-ਲੱਖ ਵਧਾਈ
ਹਰਮੀਤ ਸਿੰਘ ਕਾਲਕਾ
ਪ੍ਰਧਾਨ
ਜਗਦੀਪ ਸਿੰਘ ਕਾਹਲੋਂ
ਜਨਰਲ ਸਕੱਤਰ
ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

